ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣਾ ਮੰਦਭਾਗਾ-ਮਾਨ

ਪਟਿਆਲਾ, 8 ਦਸੰਬਰ (ਸੁਖਵਿੰਦਰ ਸਿੰਘ ਫੁੱਲ)-ਸੀਨੀਅਰ ਅਕਾਲੀ ਆਗੂ ਬਲਦੇਵ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਹਰਿਆਣਾ ਰਾਹੀਂ ਦਿੱਲੀ ਜਾਣ ਤੋਂ ਰੋਕਣਾ ਲੋਕਤੰਤਰ ਪ੍ਰਣਾਲੀ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵੀ ਦੇਸ਼ ਦਾ ਹਿੱਸਾ ਹੈ ਅਤੇ ਇਥੋਂ ਦੇ ਕਿਸਾਨਾਂ ਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਜਾਣ ਤੋਂ ਰੋਕਣਾ ਸਮਝ ਤੋਂ ਬਾਹਰ ਹੈ। ਮਾਨ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਨੇ ਔਖੇ ਸਮੇਂ ਦੇਸ਼ ਨੂੰ ਅਨਾਜ ਦੇ ਸੰਕਟ ਵਿਚੋਂ ਬਾਹਰ ਲਿਆਂਦਾ ਪਰ ਹੁਣ ਉਸ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ।

ਨਗਰ ਨਿਗਮ ਚੋਣਾਂ 'ਚ ਇਤਿਹਾਸਕ ਜਿੱਤ ਪ੍ਰਾਪਤ ਕਰਕੇ ਕਾਂਗਰਸ ਮੁੜ ਆਪਣਾ ਮੇਅਰ ਬਣਾਏਗੀ-ਚੀਮਾ

ਲੁਧਿਆਣਾ, 8 ਦਸੰਬਰ (ਜਤਿੰਦਰ ਭੰਬੀ)-ਨਗਰ ਨਿਗਮ ਚੋਣਾਂ ਸੰਬੰਧੀ ਗੱਲਬਾਤ ਕਰਦੇ ਹੋਏ ਹਲਕਾ ਦੱਖਣੀ ਤੋਂ ਕਾਂਗਰਸ ਦੇ ਇੰਚਾਰਜ ਇਸ਼ਵਰਜੋਤ ਸਿੰਘ ਚੀਮਾ ਨੇ ਕਿਹਾ ਕਿ ਇਸ 'ਚ ਕੋਈ ਸ਼ੱਕ ਨਹੀਂ ਕਿ ਕਾਂਗਰਸ ਨਿਗਮ ਚੋਣਾਂ ਵਿਚ ਇਤਿਹਾਸਕ ਜਿੱਤ ਦਰਜ ਕਰਕੇ ਆਪਣਾ ਮੇਅਰ ਬਣਾਏਗੀ। ਉਨ੍ਹਾਂ ਕਿਹਾ ਕਿ ਲੁਧਿਆਣਾ ਦੇ ਸੂਝਵਾਨ ਵੋਟਰ ਕਾਂਗਰਸ ਦੀ ਵਿਕਾਸ ਪੱਖੀ ਨੀਤੀ ਨੂੰ ਵੋਟ ਪਾਉਣਗੇ ਕਿਉਂਕਿ ਸ਼ਹਿਰ ਵਾਸੀ ਚੰਗੀ ਤਰ੍ਹਾਂ ਜਾਣਦੇ ਹਨ ਕਿ ਜੋ ਵਿਕਾਸ ਲੁਧਿਆਣਾ ਦਾ ਕਾਂਗਰਸ ਪਾਰਟੀ ਦੇ ਕਾਰਜਕਾਲ 'ਚ ਹੋਇਆ, ਉਹ ਪਹਿਲਾਂ ਕਦੇ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਜਿਥੇ ਕਾਂਗਰਸ ਪਾਰਟੀ ਚੋਣ ਲੜਨ ਲਈ ਚੋਣ ਮੈਦਾਨ 'ਚ ਥਾਪੀਆਂ ਮਾਰ ਰਹੀ ਹੈ, ਉਥੇ ਹੀ ਸੱਤਾਧਾਰੀ ਪਾਰਟੀ ਚੋਣਾਂ ਕਰਵਾਉਣ ਤੋਂ ਭੱਜਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ 'ਆਪ' ਦੀ ਘਟੀਆ ਸੋਚ ਸਦਕਾ ਅੱਜ ਸਨਅਤੀ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ ਦੇ ਹਾਲਾਤ ਬਦ ਤੋਂ ਬਦਤਰ ਹੋ ਚੁੱਕੇ ਹਨ ਕਿਉਂਕਿ 'ਆਪ' ਵਿਧਾਇਕਾਂ ਦੀ ਮਾੜੀ ਕਾਰਗੁਜ਼ਾਰੀ ਕਾਰਨ ਵਿਕਾਸ ਕਾਰਜ ਨਹੀਂ ਹੋ ਰਹੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵਿਕਾਸ ਦਾ ਮੁੱਦਾ ਲੈ ਕੇ ਚੋਣ ਮੈਦਾਨ 'ਚ ਨਿੱਤਰੇਗੀ ਅਤੇ 95 ਵਾਰਡਾਂ 'ਤੇ ਸ਼ਾਨਦਾਰ ਜਿੱਤ ਹਾਸਿਲ ਕਰੇਗੀ ਤੇ 2018 ਵਾਲਾ ਇਤਿਹਾਸ ਦੁਹਰਾ ਕੇ ਲੁਧਿਆਣਾ 'ਚ ਮੁੜ ਆਪਣਾ ਮੇਅਰ ਬਣਾਏਗੀ।

ਇੰਡੀਆ ਐਗਰੀ ਐਕਸਪੋ 2024 ਦੀ ਪ੍ਰਦਰਸ਼ਨੀ 'ਚ ਸ਼ਾਮਿਲ ਕਿਸਾਨ ਖੇਤੀਬਾੜੀ ਮਸ਼ੀਨਰੀ ਦੇਖਦੇ ਹੋਏ। ਅਜੀਤ ਤਸਵੀਰ

ਇੰਡੀਆ ਐਗਰੀ ਐਕਸਪੋ ਦਾ ਤੀਜੇ ਦਿਨ ਭਾਰਤ ਦੇ 30 ਹਜ਼ਾਰ ਤੋਂ ਵਧੇਰੇ ਕਿਸਾਨਾਂ ਨੇ ਕੀਤੀ ਸ਼ਮੂਲੀਅਤ

ਅੱਜ ਅਖੀਰਲੇ ਦਿਨ ਕਿਸਾਨਾਂ ਨੂੰ ਆਕਰਸ਼ਿਕ ਇਨਾਮ ਦਿੱਤੇ ਜਾਣਗੇ-ਐਮ. ਡੀ. ਢਿੱਲੋਂ

ਲੁਧਿਆਣਾ, 8 ਦਸੰਬਰ (ਜਤਿੰਦਰ ਭੰਬੀ)-ਇੰਡੀਆ ਐਗਰੀ ਐਕਸਪੋ ਦਾ ਤੀਜੇ ਦਿਨ ਭਾਰਤ ਭਰ ਦੇ 30,000 ਤੋਂ ਵੱਧ ਕਿਸਾਨਾਂ ਨੂੰ ਆਕਰਸ਼ਿਤ ਕਰਦੇ ਹੋਏ ਇਕ ਵੱਡੀ ਸਫਲਤਾ ਦੇ ਰੂਪ ਵਿਚ ਉਭਰਿਆ ਹੈ। ਭਾਰਤ ਦੇ ਕੋਨੇ-ਕੋਨੇ ਤੋਂ ਕਿਸਾਨਾਂ ਨੇ ਐਕਸਪੋ ਦਾ ਦੌਰਾ ਕੀਤਾ, ਉਹ ਅਤਿ-ਆਧੁਨਿਕ ਸੰਦਾਂ, ਮਸ਼ੀਨਰੀ ਤੇ ਤਕਨਾਲੋਜੀਆਂ ਨੂੰ ਖੋਜਣ ਲਈ ਉਤਸੁਕ ਸਨ, ਜੋ ਉਨ੍ਹਾਂ ਦੇ ਖੇਤੀ ਕਾਰਜਾਂ ਨੂੰ ਵਧਾ ਸਕਦੇ ਹਨ। ਇਸ ਈਵੈਂਟ ਨੇ ਉਨ੍ਹਾਂ ਨੂੰ ਨਿਰਮਾਤਾਵਾਂ, ਤਕਨੀਕੀ ਮਾਹਿਰਾਂ ਤੇ ਉਦਯੋਗ ਦੇ ਨੇਤਾਵਾਂ ਨਾਲ ਸਿੱਧੇ ਤੌਰ 'ਤੇ ਜੁੜਨ ਦਾ ਇਕ ਸ਼ਾਨਦਾਰ ਮੌਕਾ ਪ੍ਰਦਾਨ ਕੀਤਾ, ਜਿਨ੍ਹਾਂ ਨੇ ਟਿਕਾਊ ਖੇਤੀ ਤਕਨੀਕਾਂ ਤੇ ਡਿਜੀਟਲ ਖੇਤੀਬਾੜੀ ਹੱਲਾਂ 'ਤੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਪ੍ਰਭਾਵਸ਼ਾਲੀ ਕਿਸਾਨ ਮਤਦਾਨ ਤੋਂ ਇਲਾਵਾ ਐਕਸਪੋ 'ਚ ਦੇਸ਼ ਭਰ ਦੇ ਡੀਲਰਾਂ ਦੀ ਇਕ ਮਜ਼ਬੂਤ ਮੌਜੂਦਗੀ ਵੀ ਦੇਖਣ ਨੂੰ ਮਿਲੀ। ਇਹ ਡੀਲਰ ਨਵੇਂ ਉਤਪਾਦਾਂ ਦੀ ਪੜਚੋਲ ਕਰਨ, ਮੌਜੂਦਾ ਵਪਾਰਕ ਸੰਬੰਧਾਂ ਨੂੰ ਮਜ਼ਬੂਤ ਕਰਨ ਤੇ ਪ੍ਰਤੀਯੋਗੀ ਖੇਤੀ-ਬਾਜ਼ਾਰ 'ਚ ਅੱਗੇ ਰਹਿਣ ਲਈ ਪ੍ਰਦਰਸ਼ਕਾਂ ਨਾਲ ਨੈਟਵਰਕ ਕਰਨ ਲਈ ਆਏ ਸਨ। ਇਸ ਅੰਤਰ-ਖੇਤਰੀ ਭਾਗੀਦਾਰੀ ਨੇ ਖੇਤੀਬਾੜੀ ਸੈਕਟਰ ਦੇ ਅੰਦਰ ਗਿਆਨ, ਉਤਪਾਦਾਂ ਤੇ ਮੌਕਿਆਂ ਦੇ ਆਦਾਨ-ਪ੍ਰਦਾਨ ਲਈ ਇਕ ਮਹੱਤਵਪੂਰਨ ਕੇਂਦਰ ਵਜੋਂ ਘਟਨਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇੰਡੀਆ ਐਗਰੀ ਐਕਸਪੋ 2024 ਦੀ ਸਫਲਤਾ ਅਜਿਹੇ ਪਲੇਟਫਾਰਮਾਂ ਦੀ ਵੱਧ ਰਹੀ ਲੋੜ ਨੂੰ ਉਜਾਗਰ ਕਰਦੀ ਹੈ, ਜੋ ਕਿਸਾਨਾਂ, ਡੀਲਰਾਂ ਅਤੇ ਉਦਯੋਗ ਦੇ ਨੇਤਾਵਾਂ ਨੂੰ ਇਕੱਠੇ ਕਰਦੇ ਹਨ, ਆਧੁਨਿਕ ਖੇਤੀਬਾੜੀ ਦੀਆਂ ਉਭਰਦੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਸਹਿਯੋਗ ਅਤੇ ਨਵੀਨਤਾ ਦੀ ਸਹੂਲਤ ਦਿੰਦੇ ਹਨ। ਸਮਾਗਮ ਨੇ ਆਪਣੇ ਆਪ ਨੂੰ ਭਾਰਤੀ ਖੇਤੀਬਾੜੀ ਲੈਂਡਸਕੇਪ ਵਿਚ ਸਭ ਤੋਂ ਮਹੱਤਵਪੂਰਨ ਇਕੱਠਾਂ ਵਿਚੋਂ ਇਕ ਵਜੋਂ ਮਜ਼ਬੂਤੀ ਨਾਲ ਸਥਾਪਿਤ ਕੀਤਾ ਹੈ। ਇਸ ਸੰਬੰਧੀ ਉਡਾਣ ਮੀਡੀਆ ਐਂਡ ਕਮਿਊਨੀਕੇਸ਼ਨ ਲਿਮਟਿਡ ਦੇ ਐਮ. ਡੀ. ਜੀ. ਐਸ. ਢਿੱਲੋਂ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਅੱਜ ਅਖੀਰਲੇ ਦਿਨ ਪ੍ਰਦਰਸ਼ਨੀ 'ਚ ਸ਼ਾਮਿਲ ਕਿਸਾਨਾਂ ਨੂੰ ਆਕਰਸ਼ਿਕ ਇਨਾਮ ਦਿੱਤੇ ਜਾਣਗੇ।

ਪ੍ਰਦਰਸ਼ਨੀ ਦੌਰਾਨ ਸਨਮਾਨਿਤ ਸ਼ਖ਼ਸੀਅਤਾਂ ਦਾ ਸਨਮਾਨ ਕਰਦੇ ਹੋਏ ਪ੍ਰਬੰਧਕ। ਅਜੀਤ ਤਸਵੀਰ

ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਇਕੱਤਰਤਾ ਅੱਜ

ਅਹਿਮ ਫੈਸਲੇ ਲਏ ਜਾਣ ਦੀ ਸੰਭਾਵਨਾ

ਅੰਮ੍ਰਿਤਸਰ, 8 ਦਸੰਬਰ (ਜਸਵੰਤ ਸਿੰਘ ਜੱਸ)-ਪੰਜ ਸਿੰਘ ਸਾਹਿਬਾਨ ਵਲੋਂ ਬੀਤੇ ਦਿਨੀਂ 2 ਦਸੰਬਰ ਨੂੰ ਅਕਾਲੀ ਲੀਡਰਸ਼ਿਪ ਬਾਰੇ ਸੁਣਾਏ ਗਏ ਅਹਿਮ ਫੈਸਲਿਆਂ ਅਤੇ ਅਕਾਲ ਤਖ਼ਤ ਸਾਹਿਬ ਵਲੋਂ ਲਗਾਈ ਧਾਰਮਿਕ ਸਜ਼ਾ ਨਿਭਾਉਣ ਦੌਰਾਨ ਗਰਮ ਖਿਆਲੀ ਕਾਰਕੁੰਨ ਨਰਾਇਣ ਸਿੰਘ ਚੌੜਾ ਵਲੋਂ ਕੀਤੇ ਗਏ ਹਮਲੇ ਦੀ ਵਾਪਰੀ ਘਟਨਾ ਤੋਂ ਬਾਅਦ ਸਮੁੱਚੇ ਸਿੱਖ ਜਗਤ ਦੀਆਂ ਨਜ਼ਰਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ 9 ਦਸੰਬਰ ਨੂੰ 72 ਘੰਟਿਆਂ ਦੇ ਨੋਟਿਸ 'ਤੇ ਸੱਦੀ ਗਈ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਇਕੱਤਰਤਾ ਵੱਲ ਲੱਗੀਆਂ ਹੋਈਆਂ ਹਨ। ਭਾਵੇਂ ਇਸ ਇਕੱਤਰਤਾ ਦਾ ਏਜੰਡਾ ਮੌਜੂਦਾ ਪੰਥਕ ਹਾਲਾਤ ਸੰਬੰਧੀ ਵਿਚਾਰ ਵਟਾਂਦਰਾ ਹੀ ਦੱਸਿਆ ਜਾ ਰਿਹਾ ਹੈ, ਪਰ ਜਾਣਕਾਰ ਸੂਤਰਾਂ ਅਨੁਸਾਰ ਇਸ ਇਕੱਤਰਤਾ ਦੌਰਾਨ ਪਿਛਲੇ ਦਿਨੀਂ ਸਿੰਘ ਸਾਹਿਬਾਨ ਵਲੋਂ ਅਕਾਲੀ ਲੀਡਰਸ਼ਿਪ, ਖਾਸ ਕਰ ਸੁਖਬੀਰ ਸਿੰਘ ਬਾਦਲ ਬਾਰੇ ਸੁਣਾਏ ਗਏ ਫੈਸਲਿਆਂ ਨੂੰ ਲੈ ਕੇ ਵੀ ਅਹਿਮ ਵਿਚਾਰ ਵਟਾਂਦਰਾ ਕੀਤੇ ਜਾਣ ਦੀ ਸੰਭਾਵਨਾ ਹੈ। ਇਹ ਵੀ ਚਰਚਾ ਹੈ ਕਿ ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤ ਲਈ ਗਠਿਤ ਕੀਤੀ ਸੱਤ ਮੈਂਬਰੀ ਕਮੇਟੀ, ਜਿਸ ਦੇ ਮੁਖੀ ਐਡਵੋਕੇਟ ਰਜਿੰਦਰ ਸਿੰਘ ਧਾਮੀ ਹਨ, ਦੇ ਗਠਨ ਬਾਰੇ ਵੀ ਸਿੰਘ ਸਾਹਿਬਾਨ ਨੂੰ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਜਾ ਸਕਦੀ ਹੈ।

ਸੁਖਬੀਰ ਸਿੰਘ ਬਾਦਲ 11 ਤੇ 12 ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਸੇਵਾ ਕਰਨ ਲਈ ਪੁੱਜਣਗੇ

ਸ੍ਰੀ ਮੁਕਤਸਰ ਸਾਹਿਬ, 8 ਦਸੰਬਰ (ਸੁਖਪਾਲ ਸਿੰਘ ਢਿੱਲੋਂ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਲਗਾਈ ਗਈ ਸੇਵਾ ਤਹਿਤ ਸੁਖਬੀਰ ਸਿੰਘ ਬਾਦਲ 11 ਤੇ 12 ਦਸੰਬਰ (ਬੁੱਧਵਾਰ ਤੇ ਵੀਰਵਾਰ) ਨੂੰ ਸ੍ਰੀ ਮੁਕਤਸਰ ਸਾਹਿਬ ਸਥਿਤ ਸ੍ਰੀ ਦਰਬਾਰ ਸਾਹਿਬ ਵਿਖੇ ਸੇਵਾ ਕਰਨ ਲਈ ਪੁੱਜਣਗੇ। ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਿਹਾਤੀ ਦੇ ਪ੍ਰਧਾਨ ਪ੍ਰੀਤਇੰਦਰ ਸਿੰਘ ਸੰਮੇਵਾਲੀ ਨੇ ਦੱਸਿਆ ਕਿ 11 ਦਸੰਬਰ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਸਵੇਰੇ 9 ਵਜੇ ਸੁਖਬੀਰ ਸਿੰਘ ਬਾਦਲ ਪਹਿਰੇਦਾਰ ਵਜੋਂ ਆਪਣੀ ਸੇਵਾ ਸ਼ੁਰੂ ਕਰਨਗੇ ਤੇ 10 ਵਜੇ ਤੱਕ ਬੈਠਣਗੇ। ਜਦੋਂ ਕਿ ਸਵੇਰੇ 10 ਤੋਂ 11 ਵਜੇ ਤੱਕ ਉਹ ਸੰਗਤਾਂ ਵਿਚ ਬੈਠ ਕੇ ਕੀਰਤਨ ਸੁਣਨਗੇ। ਇਸ ਤੋਂ ਬਾਅਦ 11 ਤੋਂ 12 ਵਜੇ ਤੱਕ ਲੰਗਰ ਵਿਚ ਸੇਵਾ ਕਰਨਗੇ।

ਐਚ. ਵੀ. ਐਮ. ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਮਨਾਇਆ ਫਨ ਡੇ

ਲੁਧਿਆਣਾ, 8 ਦਸੰਬਰ (ਭੁਪਿੰਦਰ ਸਿੰਘ ਬੈਂਸ)-ਐਚ. ਵੀ. ਐਮ. ਗਲੋਬਲ ਸਕੂਲ ਦੇ ਵਿਦਿਆਰਥੀਆਂ ਵਲੋਂ ਸ਼ਹਿਰ ਦੇ ਰੱਖ ਬਾਗ ਵਿਖੇ ਫਨ ਡੇ ਮਨਾਇਆ। ਇਸ ਮੌਕੇ ਵਿਦਿਆਰਥੀਆਂ ਵਲੋਂ ਬਾਗ 'ਚ ਮੌਜੂਦ ਖਿਡੌਣਾ ਟ੍ਰੇਨ ਦੀ ਸਵਾਰੀ ਕੀਤੀ ਗਈ ਤੇ ਵੱਖ-ਵੱਖ ਖੇਡਾਂ ਖੇਡੀਆਂ। ਇਸ ਮੌਕੇ ਐਚ. ਵੀ. ਐਮ. ਗਲੋਬਲ ਸਕੂਲਜ਼ ਦੇ ਪ੍ਰਧਾਨ ਡੀ. ਪੀ. ਸ਼ਰਮਾ ਨੇ ਕਿਹਾ ਕਿ ਰੱਖਬਾਗ 'ਚ ਵਿਦਿਆਰਥੀਆਂ ਵਲੋਂ ਫਨ ਡੇ ਮਨਾਉਣ ਦਾ ਮੁੱਖ ਕਾਰਨ ਇਨ੍ਹਾਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੌਕੇ ਚੇਅਰਪਰਸਨ ਮੀਨਾ ਸ਼ਰਮਾ, ਨਿਰਦੇਸ਼ਕ ਰਾਧਿਕਾ ਜੈਨ ਤੇ ਪ੍ਰਿੰਸੀਪਲ ਪ੍ਰਗਤੀ ਕਪੂਰ ਵੀ ਮੌਜੂਦ ਸਨ।

ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੀ ਲੋਹੜੀ ਮੇਲੇ ਸੰਬੰਧੀ ਪਲੇਠੀ ਮੀਟਿੰਗ

ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੀ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਤੇ ਪ੍ਰਧਾਨ ਰਾਜੀਵ ਕੁਮਾਰ ਲਵਲੀ ਦੀ ਪ੍ਰਧਾਨਗੀ ਹੇਠ ਲੋਹੜੀ ਮੇਲੇ ਸੰਬੰਧੀ ਹੋਈ ਮੀਟਿੰਗ ਦੌਰਾਨ ਨਵ ਨਿਯੁਕਤ ਅਹੁਦੇਦਾਰ ਤੇ ਹੋਰ। ਤਸਵੀਰ : ਸੇਵਕ ਸਿੰਘ

29ਵਾਂ ਧੀਆਂ ਦਾ ਲੋਹੜੀ ਮੇਲਾ 11 ਜਨਵਰੀ ਨੂੰ ਗੁਰੂ ਨਾਨਕ ਭਵਨ ਵਿਖੇ-ਬਾਵਾ/ਲਵਲੀ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੀ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਅਤੇ ਪ੍ਰਧਾਨ ਰਾਜੀਵ ਕੁਮਾਰ ਲਵਲੀ ਦੀ ਪ੍ਰਧਾਨਗੀ ਹੇਠ ਲੋਹੜੀ ਮੇਲੇ ਸੰਬੰਧੀ ਮੀਟਿੰਗ ਹੋਈ, ਜਿਸ ਵਿਚ ਮੰਚ ਦੀ ਮਹਿਲਾ ਵਿੰਗ ਦੀ ਚੇਅਰਪਰਸਨ ਸਿੰਮੀ ਕਵਾਤਰਾ, ਵਾਈਸ ਪ੍ਰਧਾਨ ਰਾਣਾ ਝਾਂਡੇ, ਜਨਰਲ ਸਕੱਤਰ ਮੰਚ ਲਖਵਿੰਦਰ ਸਿੰਘ, ਪ੍ਰੋ. ਗੁਰਸ਼ਰਨ ਕੌਰ, ਜਨਰਲ ਸਕੱਤਰ ਅਮਰਜੀਤ ਸ਼ੇਰਪੁਰੀ ਮੁੱਖ ਤੌਰ 'ਤੇ ਸ਼ਾਮਿਲ ਹੋਏ। ਇਸ ਸਮੇਂ ਸ੍ਰੀ ਬਾਵਾ ਤੇ ਲਵਲੀ ਨੇ ਕਿਹਾ ਕਿ 29ਵਾਂ ਧੀਆਂ ਦਾ ਲੋਹੜੀ ਮੇਲਾ 11 ਜਨਵਰੀ ਨੂੰ ਗੁਰੂ ਨਾਨਕ ਭਵਨ ਵਿਖੇ ਲਗਾਇਆ ਜਾਵੇਗਾ, ਜਦ ਕਿ 10 ਜਨਵਰੀ ਨੂੰ 'ਯਾਦਾਂ ਜੱਸੋਵਾਲ ਦੀਆਂ' ਵਿਸ਼ੇ 'ਤੇ ਸੈਮੀਨਾਰ ਹੋਵੇਗਾ। ਉਨ੍ਹਾਂ ਦੱਸਿਆ ਕਿ ਮੇਲੇ 'ਚ ਗਿੱਧਾ, ਭੰਗੜਾ, ਗੀਤ-ਸੰਗੀਤ ਦੇ ਨਾਲ ਨਾਲ ਹਰ ਸਾਲ ਦੀ ਤਰ੍ਹਾਂ 125 ਨਵਜੰਮੀਆਂ ਬੱਚੀਆਂ, ਜਿਨ੍ਹਾਂ ਦਾ ਜਨਮ 2024 'ਚ ਹੋਇਆ ਉਨ੍ਹਾਂ ਨਾਲ ਲੋਹੜੀ ਮਨਾਈ ਜਾਵੇਗੀ। ਇਸ ਸਾਲ 11 ਨਵ-ਵਿਆਹੇ (2024) ਜੋੜਿਆਂ ਦਾ ਵੀ ਵਿਸ਼ੇਸ਼ ਸਨਮਾਨ ਹੋਵੇਗਾ। ਮਾਤਾ-ਪਿਤਾ ਦੀ ਸੇਵਾ ਕਰਨ ਵਾਲੇ ਸਪੁੱਤਰ-ਸਪੁੱਤਰੀ ਨੂੰ ਸਰਵਣ ਪੁੱਤਰ ਦਾ ਐਵਾਰਡ ਪ੍ਰਦਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮੀਟਿੰਗ 'ਚ ਕੁਝ ਨਿਯੁਕਤੀਆਂ ਵੀ ਕੀਤੀਆਂ ਗਈਆਂ, ਜਿਨ੍ਹਾਂ 'ਚ ਨਿਰਮਲ ਸਿੰਘ ਗਰੇਵਾਲ ਨੂੰ ਮੰਚ ਦੇ ਅਮਰੀਕਾ ਵਿੰਗ ਦਾ ਪ੍ਰਧਾਨ, ਰਣਜੀਤ ਸਿੰਘ ਮੰਚ ਕਨਵੀਨਰ, ਸੁਖਵਿੰਦਰ ਸਿੰਘ ਬਸੈਮੀ ਮੰਚ ਦੇ ਜਨਰਲ ਸਕੱਤਰ, ਬੀਬੀ ਸੁਖਵਿੰਦਰ ਬਾਵਾ ਮੰਚ ਦੀ ਮਹਿਲਾ ਵਿੰਗ ਦੀ ਕਨਵੀਨਰ, ਜਦ ਕਿ ਜਗਜੀਵਨ ਸਿੰਘ ਗ਼ਰੀਬ, ਅਸ਼ੋਕ ਵਰਮਾਨੀ, ਮਨੀ ਖੀਵਾ, ਸਵਰਨਜੀਤ ਸਿੰਘ ਨੂੰ ਸਕੱਤਰ ਮੰਚ ਨਿਯੁਕਤ ਕੀਤਾ। ਇਸ ਸਮੇਂ ਪਰਮਿੰਦਰ ਸਿੰਘ ਤੂਰ, ਵਿਪਨ ਕੁਮਾਰ, ਕੁਲਦੀਪ ਬਾਵਾ, ਅਵਤਾਰ ਸਿੰਘ ਹੰਬੜਾਂ, ਖ਼ੁਸ਼ਦੀਪ ਕੌਰ, ਰਣਜੀਤ ਕੌਰ ਗਰੇਵਾਲ ਯੂ. ਐਸ. ਏ., ਅਮੋਲਪ੍ਰੀਤ ਗਰੇਵਾਲ ਯੂ. ਐਸ. ਏ., ਅਰਜੁਨ ਬਾਵਾ ਮਨਜੋਤ ਕੌਰ ਬਾਵਾ ਆਦਿ ਹਾਜ਼ਰ ਸਨ।

ਨਗਰ ਨਿਗਮ ਵਲੋਂ ਕੂੜੇ ਦੇ ਨਿਪਟਾਰੇ ਲਈ 53 ਕਰੋੜ ਦਾ ਪ੍ਰਾਜੈਕਟ ਸ਼ੁਰੂ

ਲੁਧਿਆਣਾ, 8 ਦਸੰਬਰ (ਭੁਪਿੰਦਰ ਸਿੰਘ ਬੈਂਸ, ਜਗਮੀਤ ਸਿੰਘ)-ਕੂੜਾ ਪ੍ਰਬੰਧਨ ਵਿਚ ਸੁਧਾਰ ਕਰਨ ਲਈ ਵਿਆਪਕ ਕਾਰਜ ਯੋਜਨਾ ਦੇ ਤਹਿਤ ਕੰਮ ਕਰਦੇ ਹੋਏ ਨਗਰ ਨਿਗਮ ਨੇ ਸਨਿਚਰਵਾਰ ਨੂੰ ਸ਼ਹਿਰ ਵਿਚ ਰੋਜ਼ਾਨਾ ਆਧਾਰ 'ਤੇ ਪੈਦਾ ਹੋਣ ਵਾਲੇ ਲਗਪਗ 700 ਮੀਟ੍ਰਿਕ ਟਨ ਤਾਜ਼ੇ ਕੂੜੇ ਦੇ ਨਿਪਟਾਰੇ ਲਈ 53 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਇਕ ਵੱਡੇ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ। ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ ਦੀ ਅਗਵਾਈ ਹੇਠ ਕੰਮ ਕਰਦੇ ਹੋਏ ਤਾਜਪੁਰ ਰੋਡ 'ਤੇ ਨਗਰ ਨਿਗਮ ਦੀ ਜਮਾਲਪੁਰ ਮੁੱਖ ਡੰਪ ਸਾਈਟ 'ਤੇ ਲਗਪਗ 19.62 ਲੱਖ ਮੀਟ੍ਰਿਕ ਟਨ ਲੈਗੇਸੀ/ਵਿਰਾਸਤੀ ਕੂੜੇ ਦੇ ਬਾਇਓ-ਰੀਮੀਡੇਸ਼ਨ ਅਤੇ ਜੈਨਪੁਰ ਸਾਈਟ 'ਤੇ 2 ਲੱਖ ਮੀਟਰਿਕ ਟਨ ਤੋਂ ਵੱਧ ਲੈਗੇਸੀ/ਵਿਰਾਸਤੀ ਕੂੜੇ ਦੇ ਬਾਇਓ-ਰੀਮੇਡੀਏਸ਼ਨ ਲਈ ਪਿਛਲੇ ਸਮੇਂ ਵਿਚ ਲਗਪਗ 77 ਕਰੋੜ ਰੁਪਏ ਦੇ ਪ੍ਰਾਜੈਕਟ ਪਹਿਲਾਂ ਹੀ ਸ਼ੁਰੂ ਕੀਤੇ ਜਾ ਚੁੱਕੇ ਹਨ। ਹੁਣ ਸ਼ਹਿਰ 'ਚ ਰੋਜ਼ਾਨਾ ਪੈਦਾ ਹੋਣ ਵਾਲੇ 700 ਮੀਟਰਿਕ ਟਨ ਤਾਜ਼ੇ ਕੂੜੇ ਦੇ ਨਿਪਟਾਰੇ ਲਈ ਇਹ ਤੀਜਾ ਵੱਡਾ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ। ਹੁਣ ਨਗਰ ਨਿਗਮ ਨੇ ਸਨਿਚਰਵਾਰ ਨੂੰ ਬਾਕੀ ਬਚੇ 700 ਮੀਟਰਿਕ ਟਨ ਤਾਜ਼ੇ ਕੂੜੇ ਦੇ ਨਿਪਟਾਰੇ ਲਈ 53 ਕਰੋੜ ਰੁਪਏ ਤੋਂ ਵੱਧ ਦਾ ਪ੍ਰਾਜੈਕਟ ਲਾਂਚ ਕੀਤਾ ਹੈ। 700 ਮੀਟਰਿਕ ਟਨ ਕੂੜੇ ਨੂੰ ਟਰੀਟ ਕਰਨ ਦਾ ਇਹ ਠੇਕਾ ਮੈਸਰਜ਼ ਗ੍ਰੀਨਟੈਕ ਐਨਵਾਇਰਨ ਮੈਨੇਜਮੈਂਟ ਪ੍ਰਾਈਵੇਟ ਲਿਮਟਿਡ ਨੂੰ ਤਿੰਨ ਸਾਲਾਂ ਲਈ ਅਲਾਟ ਕੀਤਾ ਗਿਆ ਹੈ। ਨਗਰ ਨਿਗਮ ਜਮਾਲਪੁਰ ਡੰਪ ਸਾਈਟ 'ਤੇ ਠੇਕੇਦਾਰ ਨੂੰ 6 ਏਕੜ ਜ਼ਮੀਨ ਮੁਹੱਈਆ ਕਰਵਾਏਗਾ ਅਤੇ ਠੇਕੇਦਾਰ ਦੋ ਮਹੀਨਿਆਂ 'ਚ ਉਕਤ ਜਗ੍ਹਾ 'ਤੇ ਕੂੜੇ ਦੇ ਨਿਪਟਾਰੇ ਲਈ ਪਲਾਂਟ ਸਥਾਪਿਤ ਕਰੇਗਾ। ਡੇਚਲਵਾਲ ਨੇ ਕਿਹਾ ਕਿ ਹੁਣ ਸ਼ਹਿਰ 'ਚ ਕੂੜੇ ਦੇ ਪ੍ਰਬੰਧਨ ਵਿਚ ਸੁਧਾਰ ਲਈ ਲਗਪਗ 130 ਕਰੋੜ ਰੁਪਏ ਦੇ ਪ੍ਰਾਜੈਕਟ ਸ਼ੁਰੂ ਹੋ ਚੁੱਕੇ ਹਨ।

ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਸਿੰਘ ਬੈਂਸ ਤੇ ਦਫ਼ਤਰ ਦੇ ਕਰਮਚਾਰੀ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਉਂਦੇ ਹੋਏ। ਅਜੀਤ ਤਸਵੀਰ

ਏ. ਡੀ. ਸੀ. ਬੈਂਸ ਵਲੋਂ ਹਥਿਆਰਬੰਦ ਸੈਨਾ ਝੰਡਾ ਦਿਵਸ ਲਈ ਖੁੱਲ੍ਹੇ ਦਿਲ ਨਾਲ ਦਾਨ ਦੇਣ ਦੀ ਅਪੀਲ

ਲੁਧਿਆਣਾ, 8 ਦਸੰਬਰ (ਜਗਮੀਤ ਸਿੰਘ)-ਵਧੀਕ ਡਿਪਟੀ ਕਮਿਸ਼ਨਰ (ਜ) ਅਮਰਜੀਤ ਬੈਂਸ ਨੇ ਜ਼ਿਲ੍ਹਾ ਵਾਸੀਆਂ ਨੂੰ ਹਥਿਆਰਬੰਦ ਸੈਨਾ ਝੰਡਾ ਦਿਵਸ ਫੰਡ ਵਿਚ ਸਵੈ-ਇੱਛਾ ਤੇ ਖੁੱਲ੍ਹੇ ਦਿਲ ਨਾਲ ਦਾਨ ਕਰਨ ਦੀ ਅਪੀਲ ਕੀਤੀ। ਅਮਰਜੀਤ ਬੈਂਸ ਨੇ ਦੱਸਿਆ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਮੌਕੇ ਇਕੱਠੇ ਕੀਤੇ ਫੰਡਾਂ ਦੀ ਵਰਤੋਂ ਹਥਿਆਰਬੰਦ ਬਲਾਂ ਦੇ ਜਵਾਨਾਂ ਦੀ ਭਲਾਈ ਲਈ ਕੀਤੀ ਜਾਂਦੀ ਹੈ। ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਉਣਾ ਅਤੇ ਝੰਡੇ ਵੰਡ ਕੇ ਫੰਡ ਇਕੱਠਾ ਕਰਨਾ ਮੌਜੂਦਾ ਅਤੇ ਅਨੁਭਵੀ ਫੌਜੀ ਜਵਾਨਾਂ ਲਈ ਧੰਨਵਾਦ ਅਤੇ ਪ੍ਰਸ਼ੰਸਾ ਪ੍ਰਗਟ ਕਰਨ ਦੇ ਨਾਲ-ਨਾਲ ਉਨ੍ਹਾਂ ਲੋਕਾਂ ਦਾ ਸਨਮਾਨ ਕਰਨ ਦਾ ਇਕ ਉਤਮ ਤਰੀਕਾ ਹੈ, ਜਿਨ੍ਹਾਂ ਨੇ ਦੇਸ਼ ਸੇਵਾ 'ਚ ਆਖ਼ਰੀ ਕੁਰਬਾਨੀ ਦਿੱਤੀ ਹੈ। ਏ. ਡੀ. ਸੀ. (ਜ) ਨੇ ਕਿਹਾ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਦੀ ਮਹੱਤਤਾ ਹਥਿਆਰਬੰਦ ਬਲਾਂ ਦੇ ਜਵਾਨਾਂ ਦੇ ਪਰਿਵਾਰਾਂ ਅਤੇ ਆਸ਼ਰਿਤਾਂ ਦੀ ਦੇਖਭਾਲ ਕਰਨ ਲਈ ਨਾਗਰਿਕਾਂ ਦੀ ਨੈਤਿਕ ਜ਼ਿੰਮੇਵਾਰੀ ਨਾਲ ਵੱਧ ਜਾਂਦੀ ਹੈ। ਉਨ੍ਹਾਂ ਕਿਹਾ ਕਿ ਹਥਿਆਰਬੰਦ ਸੈਨਾਵਾਂ ਵਿਚ ਸ਼ਾਮਿਲ ਹੋਣ ਵਾਲਾ ਹਰ ਸਿਪਾਹੀ ਦੇਸ਼ ਦੀ ਨਿਰਸਵਾਰਥ ਸੇਵਾ ਲਈ ਦ੍ਰਿੜ੍ਹ ਵਚਨਬੱਧਤਾ ਨਾਲ ਅਜਿਹਾ ਕਰਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਇਸ ਨੇਕ ਕਾਰਜ ਲਈ ਕੀਤੇ ਦਾਨ ਨੂੰ ਇਨਕਮ ਟੈਕਸ ਤੋਂ ਛੋਟ ਹੈ। ਅਮਰਜੀਤ ਬੈਂਸ ਨੇ ਖੁਲਾਸਾ ਕੀਤਾ ਕਿ ਜ਼ਿਲ੍ਹਾ ਸੈਨਿਕ ਭਲਾਈ ਦਫ਼ਤਰ ਵਲੋਂ ਵੱਖ-ਵੱਖ ਸਰਕਾਰੀ ਵਿਭਾਗਾਂ, ਸਕੂਲਾਂ, ਕਾਲਜਾਂ ਤੇ ਉਦਯੋਗਾਂ ਵਿਚ ਲਗਭਗ 5,00,000 ਝੰਡਾ ਦਿਵਸ ਸਟਿੱਕਰ ਵੰਡੇ ਜਾ ਚੁੱਕੇ ਹਨ।

ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦਾ ਸਮਾਜ ਪ੍ਰਤੀ ਨਿਭਾਈਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਬਦਲੇ ਉਨ੍ਹਾਂ ਦਾ ਸਨਮਾਨ ਕਰਦੇ ਹੋਏ ਜਤਿੰਦਰਪਾਲ ਸਿੰਘ ਸਲੂਜਾ ਤੇ ਹੋਰ। ਅਜੀਤ ਤਸਵੀਰ

ਸ਼ਾਪਕੀਪਰਜ਼ ਵੈੱਲਫੇਅਰ ਐਸੋਸੀਏਸ਼ਨ ਨੇ ਜਥੇ ਨਿਮਾਣਾ ਨੂੰ ਕੀਤਾ ਸਨਮਾਨਿਤ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਸ਼ਾਪਕੀਪਰਜ਼ ਵੈਲਫੇਅਰ ਐਸੋਸੀਏਸ਼ਨ ਮਿਸਿੰਗ ਲਿੰਕ 2 ਦੁੱਗਰੀ ਰੋਡ ਦੇ ਪ੍ਰਧਾਨ ਜਤਿੰਦਰਪਾਲ ਸਿੰਘ ਸਲੂਜਾ ਦੀ ਅਗਵਾਈ ਹੇਠ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦਾ ਸਮਾਜ ਪ੍ਰਤੀ ਕੀਤੀਆਂ ਜਾ ਰਹੀਆਂ ਖ਼ੂਨਦਾਨ ਦੀਆਂ ਨਿਸ਼ਕਾਮ ਸੇਵਾਵਾਂ ਬਦਲੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਬਲਿਸਫੁਲ ਬੈਂਕੁਇਟ ਹਾਲ ਵਿਖੇ ਕੀਤਾ। ਇਸ ਸਮੇਂ ਪ੍ਰਧਾਨ ਜਤਿੰਦਰ ਪਾਲ ਸਿੰਘ ਸਲੂਜਾ ਨੇ ਕਿਹਾ ਕਿ ਖ਼ੂਨਦਾਨ ਮਹਾਨਦਾਨ ਹੈ ਜੋ ਕਿ ਪੈਦਾ ਨਹੀਂ ਕੀਤਾ ਜਾ ਸਕਦਾ ਸਿਰਫ ਆਪਣੇ ਸਰੀਰ ਦੇ ਖ਼ੂਨ ਦੇ ਹਿੱਸੇ 'ਚੋਂ ਦਾਨ ਹੀ ਕੀਤਾ ਜਾ ਸਕਦਾ ਹੈ ਤਾਂ ਕਿ ਕੀਮਤੀ ਮਨੁੱਖੀ ਜਾਨਾਂ ਨੂੰ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜਥੇਦਾਰ ਨਿਮਾਣਾ ਦੀਆਂ ਨਿਸ਼ਕਾਮ ਸੇਵਾਵਾਂ ਸਮੁੱਚੇ ਸਮਾਜ ਤੇ ਮਨੁੱਖਤਾ ਨੂੰ ਵੱਡੀ ਦੇਣ ਹੈ, ਇਸ ਲਈ ਸ਼ਾਪਕੀਪਰਜ਼ ਵੈਲਫੇਅਰ ਐਸੋਸੀਏਸ਼ਨ ਉਨ੍ਹਾਂ ਨੂੰ ਸਨਮਾਨਿਤ ਕਰਨ 'ਚ ਫ਼ਖ਼ਰ ਮਹਿਸੂਸ ਕਰ ਰਹੀ ਹੈ ਤੇ ਜਥੇਦਾਰ ਨਿਮਾਣਾ ਆਉਣ ਵਾਲੇ ਭਵਿੱਖ ਵਿਚ ਆਪਣੀਆਂ ਨਿਸ਼ਕਾਮ ਸੇਵਾਵਾਂ ਨੂੰ ਵੱਡੀ ਪੱਧਰ 'ਤੇ ਜਾਰੀ ਰੱਖਣਗੇ। ਇਸ ਮੌਕੇ ਨਰੇਸ਼ ਕੁਮਾਰ ਸ਼ਰਮਾ, ਸਰਪੰਚ ਨਿਰਮਲ ਸਿੰਘ ਬੇਰ ਕਲਾਂ, ਬਲਦੇਵ ਸਿੰਘ ਸੰਧੂ, ਜੁਝਾਰ ਸਿੰਘ, ਗੁਰਵੀਰ ਸਿੰਘ ਸੋਨੂ, ਦਲਜੀਤ ਸਿੰਘ ਮੱਕੜ, ਦਮਨਦੀਪ ਸਿੰਘ ਸਲੂਜਾ, ਮੰਜੀਤ ਸਿੰਘ ਅਰਨੇਜਾ, ਸੰਦੀਪ ਪੁਰੀ, ਸੰਜੀਵ ਖੁਰਾਣਾ ਨੀਟੂ, ਵਿਕਰਮ ਸਿੰਘ, ਐਡਵੋਕੇਟ ਹਰਕਮਲ ਸਿੰਘ, ਐਡਵੋਕੇਟ ਗੁਰਜੋਤ ਸਿੰਘ ਵੀ ਹਾਜ਼ਰ ਸਨ।

ਵਾਰਡ ਨੰ: 90 ਵਿਖੇ ਤਿੰਨ ਸੜਕ ਪੁਨਰ ਨਿਰਮਾਣ ਪ੍ਰਾਜੈਕਟਾਂ ਦਾ ਉਦਘਾਟਨ ਕਰਦੇ ਹੋਏ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਮਦਨ ਲਾਲ ਬੱਗਾ ਤੇ ਰਕੇਸ਼ ਪਰਾਸ਼ਰ। ਅਜੀਤ ਤਸਵੀਰ

ਵਿਧਾਇਕ ਪਰਾਸ਼ਰ ਤੇ ਬੱਗਾ ਵਲੋਂ ਤਿੰਨ ਸੜਕ ਪੁਨਰ ਨਿਰਮਾਣ ਪ੍ਰਾਜੈਕਟਾਂ ਦਾ ਉਦਘਾਟਨ

ਲੁਧਿਆਣਾ, 8 ਦਸੰਬਰ (ਡਾ. ਤਰਲੋਚਨ ਸਿੰਘ)-ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਵਾਰਡ ਨੰ: 90 ਵਿਖੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਮਦਨ ਲਾਲ ਬੱਗਾ ਤੇ ਵਾਰਡ ਇੰਚਾਰਜ ਰਾਕੇਸ਼ ਪਰਾਸ਼ਰ ਵਲੋਂ 2 ਕਰੋੜ 12 ਲੱਖ ਰੁਪਏ ਦੇ ਤਿੰਨ ਸੜਕਾਂ ਦੇ ਪੁਨਰ ਨਿਰਮਾਣ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ। ਇਨ੍ਹਾਂ ਸੜਕਾਂ ਦੇ ਪੁਨਰ ਨਿਰਮਾਣ ਕਾਰਜਾਂ 'ਚ 5, 6, 7 ਕੂਚਾ ਫੀਲਡ ਗੰਜ, ਕਾਮਰਾਨ ਰੋਡ, ਗੋਕੁਲ ਰੋਡ ਦੇ ਪੁਨਰ ਨਿਰਮਾਣ ਦਾ ਪ੍ਰਾਜੈਕਟ ਸ਼ਾਮਿਲ ਹਨ। ਇਸ ਮੌਕੇ ਵਾਰਡ ਇੰਚਾਰਜ ਰਾਕੇਸ਼ ਪਰਾਸ਼ਰ ਨੇ ਕਿਹਾ ਕਿ ਵਾਰਡ ਵਿਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ ਹਨ ਤੇ ਇਹ ਤਿੰਨ ਪ੍ਰਾਜੈਕਟ ਪੂਰੇ ਹੋਣ ਤੋਂ ਬਾਅਦ 100 ਫ਼ੀਸਦੀ ਕੰਮ ਮੁਕੰਮਲ ਹੋ ਜਾਵੇਗਾ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਕਿ ਕੰਮਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ। ਇਸ ਮੌਕੇ ਮੱਖਣ ਸਿੰਘ, ਰਾਕੇਸ਼ ਸੂਦ, ਸੁਰਿੰਦਰ ਵਾਲੀਆ, ਦੀਪਾ ਸ਼ਰਮਾ, ਬਿੱਟਾ ਸਿੰਘ, ਬੋਬੀ ਭੰਡਾਰੀ, ਪਿੰਕਾ ਅਗਰਵਾਲ, ਸੋਨੂ ਵਰਮਾ, ਸੰਜੇ ਸ਼ਰਮਾ, ਕੁਲਦੀਪ ਸਿੰਘ, ਰਮੇਸ਼ ਸ਼ਰਮਾ, ਰਾਕੇਸ਼ ਭੰਡਾਰੀ, ਦਿਲਬਾਗ ਸਿੰਘ, ਨਵੀਨ ਪ੍ਰਭਾਕਰ, ਲਵਲੀ ਦੂਆ, ਬਿੱਟੂ ਪੁਰੀ, ਅੰਸ਼ ਵਰਮਾ ਆਦਿ ਹਾਜ਼ਰ ਸਨ। ਇਸ ਮੌਕੇ ਫ਼ੀਲਡ ਗੰਜ ਸ਼ਾਪਕੀਪਰ ਐਸੋਸੀਏਸ਼ਨ, ਗੋਕੁਲ ਰੋਡ ਸ਼ਾਪਕੀਪਰ ਐਸੋਸੀਏਸ਼ਨ ਅਤੇ ਭਾਟ ਸਿੱਖ ਬਿਰਾਦਰੀ ਵਲੋਂ ਵਿਧਾਇਕਾਂ ਤੇ ਵਾਰਡ ਇੰਚਾਰਜ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਗੁ: ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ 1 ਦੁੱਗਰੀ ਵਿਖੇ ਸ਼ਹੀਦੀ ਦਿਹਾੜਾ ਮਨਾਇਆ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ 1 ਦੁੱਗਰੀ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਵੇਰੇ ਅੰਮ੍ਰਿਤ ਵੇਲੇ ਤੋਂ ਹੀ ਗੁਰਬਾਣੀ ਦਾ ਪ੍ਰਵਾਹ ਸ਼ੁਰੂ ਹੋਇਆ ਅਤੇ ਗੁਰਬਾਣੀ ਦੇ ਪਾਠ ਕੀਤੇ ਗਏ। ਪਹਿਲਾਂ ਨਿਤਨੇਮ ਤੇ ਆਸਾ ਜੀ ਦੀ ਵਾਰ ਦੇ ਕੀਰਤਨ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ, ਗਗਨਦੀਪ ਸਿੰਘ, ਅਮਨਦੀਪ ਸਿੰਘ ਨੇ ਸੰਗਤਾਂ ਨੂੰ ਸਰਵਣ ਕਰਵਾਏ ਅਤੇ ਸੰਗਤੀ ਰੂਪ ਵਿਚ ਸੁਖਮਨੀ ਸਾਹਿਬ ਦੇ ਪਾਠ ਕੀਤੇ। ਗਿਆਨੀ ਹਰਦੀਪ ਸਿੰਘ ਲੁਧਿਆਣਾ ਵਾਲਿਆਂ ਨੇ ਸੰਗਤਾਂ ਨੂੰ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ ਤੇ ਸ਼ਹੀਦੀ ਤੋਂ ਜਾਣੂ ਕਰਵਾਇਆ ਅਤੇ ਬਾਅਦ 'ਚ ਭਾਈ ਸਿਮਰਨਜੀਤ ਸਿੰਘ ਨੇ ਇਲਾਹੀ ਬਾਣੀ ਦੇ ਕੀਰਤਨ ਸਰਵਣ ਕਰਵਾਏ। ਭਾਈ ਸਿਮਰਨਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਕੀਰਤਨੀ ਜਥੇ ਨੂੰ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਮਲਕੀਤ ਸਿੰਘ, ਕਰਤਾਰ ਸਿੰਘ ਬਰਾੜ ਨੇ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਨਾਲ ਸਨਮਾਨ ਕੀਤਾ। ਸ਼ਾਮ ਦੇ ਦੀਵਾਨਾਂ 'ਚ ਭਾਈ ਬਲਵਿੰਦਰ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਕੀਰਤਨ ਕੀਤਾ। ਇਸ ਤੋਂ ਬਾਅਦ ਗਿਆਨੀ ਸਰਬਜੀਤ ਸਿੰਘ ਧੋਟੀਆਂ ਨੇ ਸੰਗਤਾਂ ਨੂੰ ਗੁਰੂ ਤੇਗ਼ ਬਹਾਦਰ ਸਾਹਿਬ ਦੇ ਜੀਵਨ ਅਤੇ ਸ਼ਹੀਦੀ ਵਾਰੇ ਜਾਣੂ ਕਰਵਾਇਆ। ਇਸ ਮੌਕੇ ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸ਼ਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਦਰਸ਼ਨ ਸਿੰਘ ਸੋਹਨਪਾਲ, ਵੀਰਨਜੀਤ ਸਿੰਘ ਸੋਹਨਪਾਲ, ਦਰਸ਼ਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ, ਚਰਨਜੀਤ ਸਿੰਘ ਪਾਇਲ, ਮਨਜੀਤ ਸਿੰਘ ਪਾਇਲ, ਦਲਜੀਤ ਸਿੰਘ ਆਦਿ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਲੁਧਿਆਣਾ ਦੁੱਗਰੀ ਫੇਸ 1 ਵਿਚ ਕਥਾ ਕਰਦੇ ਹੋਏ ਸਰਬਜੀਤ ਸਿੰਘ ਧੋਟੀਆਂ ਵਾਲੇ। ਅਜੀਤ ਤਸਵੀਰ

ਲੁਧਿਆਣਾ ਦੇ ਨਾਲ ਲੱਗਦੇ ਪਿੰਡ ਥਰੀਕੇ ਦੀ ਲਿੰਕ ਸੜਕ 'ਤੇ ਅਵਾਰਾ ਕੁੱਤਿਆਂ ਦੀ ਭਰਮਾਰ। ਤਸਵੀਰ : ਮਨਜੀਤ ਸਿੰਘ ਦੁੱਗਰੀ

ਅਵਾਰਾ ਖ਼ੂੰਖ਼ਾਰ ਕੁੱਤਿਆਂ ਦੀ ਇਲਾਕੇ 'ਚ ਭਰਮਾਰ

ਫੁੱਲਾਂਵਾਲ, 8 ਦਸੰਬਰ (ਮਨਜੀਤ ਸਿੰਘ ਦੁੱਗਰੀ)-ਸਮਰਾਟ ਸ਼ਹਿਰ ਲੁਧਿਆਣਾ ਦੇ ਨਾਲ ਲੱਗਦੀਆਂ ਕਾਲੋਨੀਆਂ ਤੇ ਪਿੰਡਾਂ ਦੀਆਂ ਲਿੰਕ ਸੜਕਾਂ 'ਤੇ ਇਨ੍ਹੀਂ ਦਿਨੀਂ ਅਵਾਰਾ ਖ਼ੂੰਖ਼ਾਰ ਕੁੱਤਿਆਂ ਦੀ ਭਰਮਾਰ ਦੇਖਣ ਨੂੰ ਮਿਲ ਰਹੀ ਹੈ, ਜਿਸ ਤੋਂ ਸਕੂਲ ਜਾਣ ਵਾਲੇ ਬੱਚਿਆਂ ਤੇ ਰਾਹਗੀਰਾਂ ਲਈ ਹਮੇਸ਼ਾ ਦਹਿਸ਼ਤ ਬਣੀ ਰਹਿੰਦੀ ਹੈ ਕਿ ਕਿਤੇ ਅਚਨਚੇਤ ਇਹ ਖ਼ੂੰਖ਼ਾਰ ਕੁੱਤੇ ਅਚਨਚੇਤ ਹਮਲਾ ਕਰਕੇ ਕੋਈ ਵੱਡਾ ਭਾਣਾ ਨਾ ਵਰਤਾ ਦੇਣ। ਸਥਾਨਕ ਲੋਕਾਂ ਦੀ ਪ੍ਰਸ਼ਾਸਨ ਤੇ ਪਿੰਡਾਂ ਦੀਆਂ ਪੰਚਾਇਤਾਂ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਅਵਾਰਾ ਖ਼ੂੰਖ਼ਾਰ ਕੁੱਤਿਆਂ ਦੀ ਨਿੱਤ ਵੱਧ ਰਹੀ ਗਿਣਤੀ 'ਤੇ ਠੱਲ੍ਹ ਪਾਉਣ ਲਈ ਯਤਨ ਕਰਨਾ ਚਾਹੀਦਾ ਹੈ, ਤਾਂ ਜੋ ਸਕੂਲ ਜਾਣ ਵਾਲੇ ਛੋਟੇ ਬੱਚੇ ਤੇ ਹਨੇਰੇ-ਸਵੇਰੇ ਇਨ੍ਹਾਂ ਸੜਕਾਂ ਤੋਂ ਕੰਮਾਂ-ਕਾਰਾਂ ਨੂੰ ਜਾਣ ਵਾਲੇ ਰਾਹਗੀਰ ਆਪਣੇ ਆਪ ਨੂੰ ਇਨ੍ਹਾਂ ਖ਼ੂੰਖ਼ਾਰ ਕੁੱਤਿਆਂ ਤੋਂ ਸੁਰੱਖਿਅਤ ਰਹਿ ਸਕਣ ਅਤੇ ਇਨ੍ਹਾਂ ਦੇ ਮਨ ਦਾ ਡਰ ਖ਼ਤਮ ਹੋ ਸਕੇ।

ਸਰਕਾਰ ਵਲੋਂ ਗਠਿਤ ਕਮੇਟੀ 'ਚ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਚਰਚਾ ਕਰਦੇ ਹੋਏ ਚੇਅਰਮੈਨ ਤਰਸੇਮ ਸਿੰਘ ਭਿੰਡਰ ਤੇ ਅਧਿਕਾਰੀ। ਅਜੀਤ ਤਸਵੀਰ

ਨਗਰ ਸੁਧਾਰ ਟਰੱਸਟਾਂ ਦੇ ਚੇਅਰਮੈਨਾਂ ਦੀ ਸਰਕਾਰ ਵਲੋਂ ਗਠਿਤ ਕਮੇਟੀ ਦੀ ਮੀਟਿੰਗ

ਲੁਧਿਆਣਾ, 8 ਦਸੰਬਰ (ਜਗਮੀਤ ਸਿੰਘ)-ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਚੇਅਰਮੈਨ ਤਰਸੇਮ ਸਿੰਘ ਭਿੰਡਰ ਨੇ ਨਗਰ ਸੁਧਾਰ ਟਰੱਸਟਾਂ ਦੇ ਚੇਅਰਮੈਨਾਂ ਦੇ ਮਾਣਭੱਤੇ ਵਿਚ ਵਾਧਾ ਕਰਨ ਸੰਬੰਧੀ ਸਰਕਾਰ ਵਲੋਂ ਗਠਿਤ ਕਮੇਟੀ ਦੀ ਅਹਿਮ ਮੀਟਿੰਗ ਵਿਚ ਹਿੱਸਾ ਲਿਆ। ਮੀਟਿੰਗ ਬਾਰੇ ਚੇਅਰਮੈਨ ਭਿੰਡਰ ਨੇ ਕਿਹਾ ਕਿ ਮੀਟਿੰਗ ਵਿਚ ਨਗਰ ਸੁਧਾਰ ਟਰੱਸਟਾਂ ਦੇ ਚੇਅਰਮੈਨਾਂ ਦੇ ਮਾਣਭੱਤੇ ਵਿਚ ਵਾਧਾ ਕਰਨ ਸੰਬੰਧੀ ਵਿਚਾਰ ਵਟਾਂਦਰੇ ਦੇ ਨਾਲ-ਨਾਲ ਪੰਜਾਬ ਰਾਜ ਦੇ ਨਗਰ ਸੁਧਾਰ ਟਰੱਸਟਾਂ ਦੇ ਚੇਅਰਮੈਨਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਕੁਝ ਅਹਿਮ ਮੁੱਦਿਆਂ ਜਿਵੇਂ ਕਿ ਸਟਾਫ਼ ਦੀ ਘਾਟ, ਰਿਜ਼ਰਵ ਕੀਮਤ ਦੇ ਮਤਿਆਂ ਆਦਿ ਨੂੰ ਵੀ ਵਿਚਾਰਿਆ। ਮੀਟਿੰਗ ਵਿਚ ਕਮੇਟੀ ਦੇ ਦੂਜੇ ਮੈਂਬਰਾਂ ਗੁਰਪ੍ਰੀਤ ਸਿੰਘ ਖ਼ਹਿਰਾ ਆਈ. ਏ. ਐਸ. ਉਪ ਸਕੱਤਰ, ਸਥਾਨਕ ਸਰਕਾਰ, ਉਪ ਕੰਟਰੋਲਰ ਵਿੱਤ ਤੇ ਲੇਖਾ ਅਤੇ ਜਤਿੰਦਰ ਸਿੰਘ ਭੱਲਾ, ਚੇਅਰਮੈਨ, ਨਗਰ ਸੁਧਾਰ ਟਰੱਸਟ, ਬਠਿੰਡਾ ਨੇ ਸ਼ਮੂਲੀਅਤ ਕੀਤੀ।

ਸਿਰਲੇਖਵਾਰ ਇਸ਼ਤਿਹਾਰ Classified Advertisement

ਕੰਨਿਆ ਦੀ ਲੋੜ
Bride Wanted

ਜੱਟ ਸਿੱਖ Govt. Job ਲੜਕਾ 1994/6' B.Sc 16 Acre's Land ਲਈ ਵਧੀਆ ਪੜ੍ਹੀ-ਲਿਖੀ ਲੜਕੀ ਦੀ ਲੋੜ। 85449-57192.
..........................18w

ਕੈਨੇਡੀਅਨ ਸਿਟੀਜ਼ਨ ਜੱਟ ਸਿੱਖ ਕੱਦ 6'-1" ਲੜਕੇ ਲਈ ਪੜ੍ਹੀ-ਲਿਖੀ, ਸੋਹਣੀ-ਸੁਨੱਖੀ ਕੈਨੇਡੀਅਨ ਜਾਂ ਇੰਡੀਅਨ ਪਰਿਵਾਰਿਕ ਲੜਕੀ ਦੀ ਲੋੜ। ਲੜਕੇ ਦਾ ਪਰਿਵਾਰ ਕੈਨੇਡਾ ਵੈੱਲ ਸੈਟਲਡ। ਲੜਕਾ ਇੰਡੀਆ ਆਇਆ ਹੋਇਆ। ਬਾਇਓ ਡਾਟਾ Whatsapp 'ਤੇ ਭੇਜੋ 7986137214, 6280288170, 62802-22408
..........................37w

ਜੱਟ ਸਿੱਖ ਗਿੱਲ 30/6'-0" ਆਸਟ੍ਰੇਲੀਆ PR ਲੜਕੇ ਲਈ ਪੜ੍ਹੀ-ਲਿਖੀ ਪਰਿਵਾਰਕ ਲੜਕੀ ਚਾਹੀਦੀ। ਬਿਊਰੋ ਮੁਆਫੀ। +61416340117 ਆਸਟ੍ਰੇਲੀਆ, +9198150-21756 ਵਟਸਐਪ, 76580-35239. ਇੰਡੀਆ।
..........................22w

ਵਰ ਦੀ ਲੋੜ
Groom Wanted

ਖ਼ੂਬਸੂਰਤ ਜੱਟਸਿੱਖ ਕੈਨੇਡਾ ਪੀ ਆਰ ਲੜਕੀ 2001/5'-8" B.Sc, Nursing, RN, 18 Acre's land ਇਕਲੌਤੀ ਲੜਕੀ ਲਈ ਵਧੀਆ ਖਾਨਦਾਨ ਦੀ ਲੋੜ। 80541-80294.
..........................20w

ਵਰ ਦੀ ਲੋੜ
Groom Wanted

ਜੱਟ ਸਿੱਖ ਲੜਕੀ 1999/5'-6" B.Sc Nursing ਲਈ Indian/ਵਿਦੇਸ਼ੀ ਪਰਿਵਾਰ ਦੀ ਲੋੜ। 81949-49983.
..........................15w

ਜੱਟ ਸਿੱਖ ਯੂ. ਕੇ. ਸਿਟੀਜ਼ਨ ਲੜਕੀ 2000/5'-7" B.Sc (Honours) Accountant ਲਈ ਵਧੀਆ ਪਰਿਵਾਰ ਦੀ ਲੋੜ। 98762-46527.
..........................15w

ਜੱਟ ਸਿੱਖ ਕੈਨੇਡਾ ਪੀ ਆਰ ਲੜਕੀ 1994/5'-6" Degree in Account (Canada) ਲਈ Indian/ਵਿਦੇਸ਼ੀ ਪਰਿਵਾਰ ਦੀ ਲੋੜ। 98783-33754.
..........................17w

ਜੱਟ ਸਿੱਖ ਕੈਨੇਡਾ ਪੀ ਆਰ ਲੜਕੀ 1996/5'-7" B.Sc Nursing Govt. Job RN ਲਈ Indian/ਵਿਦੇਸ਼ੀ ਪਰਿਵਾਰ ਦੀ ਲੋੜ। 98141-58021
..........................19w

ਜੱਟ ਸਿੱਖ ਕੈਨੇਡਾ ਪੀ ਆਰ ਲੜਕੀ 1998/5'-7" B.Sc Nursing, RN ਲਈ Indian/ਵਿਦੇਸ਼ੀ ਪਰਿਵਾਰ ਦੀ ਲੋੜ। 78370-05734.
..........................15w

ਰਾਮਦਾਸੀਆ ਸਿੱਖ ਨਿਊਜ਼ੀਲੈਂਡ ਸਿਟੀਜ਼ਨ ਲੜਕੀ 1999/5'-5" M.Sc ਲਈ Indian/ਵਿਦੇਸ਼ੀ ਪਰਿਵਾਰ ਦੀ ਲੋੜ। 98555-11185.
..........................15w

ਵਰ ਦੀ ਲੋੜ
Groom Wanted

ਰਾਮਦਾਸੀਆ ਸਿੱਖ ਆਸਟ੍ਰੇਲੀਆ ਪੀ ਆਰ ਲੜਕੀ 2000/5'-7" Bachelor's of Nursing Registered Nurse ਲਈ Indian/ਵਿਦੇਸ਼ੀ ਪਰਿਵਾਰ ਦੀ ਲੋੜ। Caste no Bar. ਲੜਕੀ India ਆਈ ਹੈ। 90563-63382.
..........................26w

ਮਜ਼੍ਹਬੀ ਸਿੱਖ Govt. Bank Job ਲੜਕੀ 1998/5'-6" B.Sc (Honours) ਲਈ Govt. Employee ਜਾਂ Businessman ਲੜਕੇ ਦੀ ਲੋੜ। 83601-14860.
..........................19w

ਮਜ਼੍ਹਬੀ ਸਿੱਖ ਕੈਨੇਡਾ ਪੀ ਆਰ ਲੜਕੀ 1998/5'-5" B.Sc Nursing, RN ਲਈ ਵਧੀਆ ਪਰਿਵਾਰ ਦੀ ਲੋੜ। 99150-95937.
..........................15w

ਸੂਚਨਾ

ਇਸ਼ਤਿਹਾਰ ਦਾਤਾਵਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ਼ਤਿਹਾਰਾਂ ਵਿਚ ਕਿਸੇ ਵੀ ਤਰ੍ਹਾਂ ਦੀ ਗ਼ਲਤੀ ਹੋਣ 'ਤੇ 7 ਦਿਨਾਂ ਦੇ ਅੰਦਰ ਮੁੱਖ ਦਫ਼ਤਰ ਸੰਪਰਕ ਕੀਤਾ ਜਾਵੇ। ਇਸ ਤੋਂ ਬਾਅਦ ਕੀਤੇ ਕਿਸੇ ਵੀ ਦਾਅਵੇ ਦਾ ਮੁੱਖ ਦਫ਼ਤਰ ਜ਼ਿੰਮੇਵਾਰ ਨਹੀਂ ਹੋਵੇਗਾ।
-ਇਸ਼ਤਿਹਾਰ ਮੈਨੇਜਰ

ਸੂਚਨਾ
Notice

ਨਾਂਅ ਦੀ ਬਦਲੀ
Change of Name

I, Sahil S/o Devi Dyal R/o H. No. 01 Near Vikash Dharam Shala, Abdullapur Basti Ludhiana (Punjab) have changed my name Sahil to Sahil Kumar. Concerned note.
..........................27w

ਨੌਕਰੀਆਂ/ਰੋਜ਼ਗਾਰ
jobs jobs jobs

ਅਸਾਮੀਆਂ
Vacancy

✔ **Golden Chance** ਚਾਹੀਦੇ Bank/MNC ਅੱਠਵੀਂ, ਦਸਵੀਂ, ਬਾਰ੍ਹਵੀਂ, ਗ੍ਰੈਜੂਏਟ ਲੜਕੇ-ਲੜਕੀਆਂ (14,000-30,000) 7837691675, 7837048128.
..........................15w

ਇਲਾਜ
Medical

ਬਿਊਟੀ
Beauty

ਦਾੜ੍ਹੀ ਦਾ ਸਫੈਦ ਹੋਣਾ, ਵਾਲਾਂ ਦਾ ਝੜਨਾ, ਕੰਪਿਊਟਰਾਈਜ਼, ਮਸ਼ੀਨਾਂ ਦੁਆਰਾ ਟੈਸਟ ਕਰਕੇ ਲੇਜ਼ਰ ਮਸ਼ੀਨ/ਪੀ ਆਰ ਪੀ ਨਾਲ ਠੀਕ। ਲੇਜ਼ਰ+ਦਵਾਈ 1200-1500/-ਹਫਤਾ। ਸਿਰੀਰਾਮ ਹਸਪਤਾਲ, ਫਰੀਦਕੋਟ। 98143-32202.
..........................27w

ਪਾਠਕਾਂ ਦੇ ਧਿਆਨ ਹਿਤ

ਪਾਠਕਾਂ ਨੂੰ ਬੇਨਤੀ ਹੈ ਕਿ ਇਸ ਅਖ਼ਬਾਰ ਵਿਚ ਪ੍ਰਕਾਸ਼ਿਤ ਕਿਸੇ ਵੀ ਇਸ਼ਤਿਹਾਰ ਦੇ ਸੰਬੰਧ ਵਿਚ ਕਿਸੇ ਵੀ ਤਰ੍ਹਾਂ ਦਾ ਕਦਮ ਚੁੱਕਣ (ਧਨ ਭੇਜਣ, ਡਾਕਟਰੀ ਸਲਾਹ ਜਾਂ ਹੋਰ ਕਿਸੇ ਤਰ੍ਹਾਂ ਦੀ ਕਾਰਵਾਈ) ਤੋਂ ਪਹਿਲਾਂ ਚੰਗੀ ਤਰ੍ਹਾਂ ਪੜਤਾਲ ਕਰ ਲੈਣ। ਕਿਸੇ ਉਤਪਾਦ/ਸੇਵਾਵਾਂ/ਰਿਸ਼ਤੇ ਅਤੇ ਵਿਆਹ ਦੇ ਸੰਬੰਧ ਵਿਚ ਕੀਤੇ ਕਿਸੇ ਇਸ਼ਤਿਹਾਰਦਾਤਾ ਦੇ ਕਿਸੇ ਤਰ੍ਹਾਂ ਦੇ ਦਾਅਵਿਆਂ ਤੇ ਵਾਅਦਿਆਂ ਲਈ 'ਅਜੀਤ' ਜ਼ਿੰਮੇਵਾਰ ਨਹੀਂ ਹੋਵੇਗਾ। 'ਅਜੀਤ' ਕਿਸੇ ਇਸ਼ਤਿਹਾਰ ਦੇ ਸੰਬੰਧ ਵਿਚ ਚੁੱਕੇ ਕਿਸੇ ਕਦਮ ਦੇ ਨਤੀਜੇ ਅਤੇ ਇਸ਼ਤਿਹਾਰਦਾਤਾਵਾਂ ਦੇ ਆਪਣੇ ਵਾਅਦਿਆਂ 'ਤੇ ਖਰਾ ਨਾ ਉਤਰਨ ਲਈ ਜ਼ਿੰਮੇਵਾਰ ਨਹੀਂ ਹੋਵੇਗਾ।